# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 01-04-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ

- ਪੱਛਮੀ ਏਸ਼ੀਆ ਟਕਰਾਅ ਦਰਮਿਆਨ, ਸਰਕਾਰ ਨੇ ਭਰੋਸਾ ਦਿੱਤਾ ਏ ਕਿ ਦੇਸ਼ ਵਿੱਚ, ਹਰ ਕਿਸਮ ਦੀਆਂ ਫਸਲਾਂ ਲਈ ਬੀਜ, ਲੋੜੀਂਦੀ ਮਾਤਰਾ ਵਿੱਚ ਉਪਲਬਧ ਨੇ.
- ਲੁਧਿਆਣਾ ਦੇ ਹਲਵਾਰਾ ਹਵਾਈ ਅੱਡੇ ਤੋਂ ਦਿੱਲੀ ਲਈ ਸਿੱਧੀਆਂ ਉਡਾਣਾਂ 15 ਮਈ ਤੋਂ ਸ਼ੁਰੂ .
- ਪੰਜਾਬ ਦੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪੰਜਾਬ ਸਰਕਾਰ ਵਲੋਂ ਕਰੀਬ 190 ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਕੁੱਲ 1 ਕਰੋੜ 81 ਲੱਖ ਰੁਪਏ ਦੇ ਮੁਆਵਜ਼ੇ ਦੇ ਚੈਕ ਵੰਡੇ.

- ਲੈਫਟੀਨੈਂਟ ਜਨਰਲ ਪੁਸ਼ਪੇਂਦਰ ਸਿੰਘ ਨੇ ਅੱਜ ਪੱਛਮੀ ਕਮਾਨ ਦੀ ਅਤੇ ਲੈਫਟੀਨੈਂਟ ਜਨਰਲ ਅਮਿਤ ਕਬਥਿਆਲ ਨੇ ਵੱਕਾਰੀ ਵਜ੍ਰ ਕੋਰ ਦੀ ਕਮਾਨ ਸੰਭਾਲ ਲਈ ਏ.

- IPL ਕ੍ਰਿਕੇਟ ਵਿੱਚ, ਅੱਜ ਸ਼ਾਮ, ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

**ਹੁਣ ਖਬਰਾਂ ਵਿਸਥਾਰ ਨਾਲ**

---------------------------------------------------

ਪੱਛਮੀ ਏਸ਼ੀਆ ਵਿੱਚ ਟਕਰਾਅ ਦਰਮਿਆਨ, ਸਰਕਾਰ ਨੇ ਅੱਜ ਭਰੋਸਾ ਦਿੱਤਾ ਏ ਕਿ ਦੇਸ਼ ਵਿੱਚ, ਹਰ ਕਿਸਮ ਦੀਆਂ ਫਸਲਾਂ ਲਈ ਬੀਜ ਲੋੜੀਂਦੀ ਮਾਤਰਾ ਵਿੱਚ ਉਪਲਬਧ ਨੇ. ਪੱਛਮੀ ਏਸ਼ੀਆ ਵਿੱਚ ਹਾਲ ਹੀ ਵਿੱਚ ਹੋਈਆਂ ਗਤੀਵਿਧੀਆਂ ਬਾਰੇ ਨਵੀਂ ਦਿੱਲੀ ਵਿੱਚ ਹੋਈ ਇੱਕ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਵਿੱਚ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਸਕੱਤਰ ਡਾ. ਮਨਿੰਦਰ ਕੌਰ ਦ੍ਵਿਵੇਦੀ ਨੇ ਕਿਹਾ ਕਿ ਦੇਸ਼ ਭਰ ਵਿੱਚ ਸਾਉਣੀ ਦੀਆਂ ਫਸਲਾਂ ਦੇ 185 ਲਖ ਕੁਇੰਟਲ ਤੋਂ ਵੱਧ ਬੀਜ ਉਪਲਬਧ ਨੇ. ਵਧੀਕ ਸਕੱਤਰ ਨੇ ਇਹ ਵੀ ਕਿਹਾ ਕਿ ਦੇਸ਼ ਵਿੱਚ ਖੇਤੀਬਾੜੀ ਰਸਾਇਣਾਂ ਦੀ ਢੁੱਕਵੀਂ ਉਪਲਬਧਤਾ ਏ । ਡਾ. ਕੌਰ ਨੇ ਕਿਹਾ ਕਿ ਰਾਜਾਂ ਨੂੰ ਜੈਵਿਕ ਕੀਟਨਾਸ਼ਕਾਂ ਅਤੇ ਹੋਰ ਨਿਰੰਤਰ ਰਹਿਣ ਯੋਗ ਢੰਗ - ਤਰੀਕਿਆਂ ਨੂੰ ਉਤਸ਼ਾਹਿਤ ਕਰਨ ਲਈ ਵੀ ਕਿਹਾ ਗਿਆ ਏ । ਉਨ੍ਹਾਂ ਕਿਹਾ ਕਿ ਟਮਾਟਰ, ਪਿਆਜ਼ ਅਤੇ ਆਲੂ ਸਮੇਤ ਪ੍ਰਮੁੱਖ ਫਸਲਾਂ ਦੀਆਂ ਕੀਮਤਾਂ ਥੋਕ ਪੱਧਰ 'ਤੇ ਸੁਧਾਰ ਦੇ ਰੁਝਾਨ ਦੇ ਨਾਲ ਸੀਮਾ ਵਿੱਚ ਨੇ.

ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੇ JOINT ਸਕੱਤਰ ਸੁਜਾਤਾ ਸ਼ਰਮਾ ਨੇ ਕਿਹਾ ਕਿ ਦੇਸ਼ ਦੇ ਕੱਚੇ ਤੇਲ ਦੇ ਭੰਡਾਰ ਇਸ ਸਮੇਂ ਕਾਫ਼ੀ ਨੇ. ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਨੇ ਅਗਲੇ ਦੋ ਮਹੀਨਿਆਂ ਲਈ ਕੱਚੇ ਤੇਲ ਦੀ ਢੁੱਕਵੀਂ ਸਪਲਾਈ ਯਕੀਨੀ ਬਣਾਉਣ ਲਈ ਪ੍ਰਬੰਧ ਕੀਤੇ ਨੇ. ਇਸ ਦੌਰਾਨ ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਦੇ ਮੱਦੇਨਜ਼ਰ, ਤੇਲ ਮਾਰਕੀਟਿੰਗ ਕੰਪਨੀਆਂ ਨੇ ਮਹਾਨਗਰਾਂ ਵਿੱਚ ਵਪਾਰਕ LPG ਸਿਲੰਡਰਾਂ ਦੀਆਂ ਕੀਮਤਾਂ ਵਿੱਚ 195 ਰੁਪਏ 50 ਪੈਸੇ ਦਾ ਵਾਧਾ ਕੀਤਾ ਏ। ਘਰੇਲੂ LPG ਸਿਲੰਡਰਾਂ ਦੀਆਂ ਕੀਮਤਾਂ ਵਿੱਚ ਕੋਈ ਬਦਲਾਅ ਨਹੀਂ ਹੋਇਆ ਏ।

---------------------------------------------------

ਲੁਧਿਆਣਾ ਅਤੇ ਦਿੱਲੀ ਦਰਮਿਆਨ ਚਿਰਾਂ ਤੋਂ ਉਡੀਕੀਆਂ ਜਾ ਰਹੀਆਂ ਸਿੱਧੀਆਂ ਉਡਾਣਾਂ 15 ਮਈ ਤੋਂ ਸ਼ੁਰੂ ਹੋਣਗੀਆਂ ਤੇ ਪਹਿਲੇ ਦਿੱਲੀ-ਹਲਵਾਰਾ ਰੂਟ ਲਈ ਟਿਕਟਾਂ ਦੀ ਵਿਕਰੀ ਹੁਣ ਖੁੱਲ੍ਹ ਗਈ ਏ। ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਬਿੱਟੂ ਨੇ ਅੱਜ ਸੋਸ਼ਲ ਮੀਡੀਆ ਪ੍ਲੇਟਫਾਰਮ 'ਐਕਸ' ‘ਤੇ ਆਪਣੇ ਹੈਂਡਲ 'ਤੇ ਇਸ ਬਾਰੇ ਐਲਾਨ ਕਰਦਿਆਂ ਕਿਹਾ ਕਿ ਸ਼ਡਿਊਲ ਵਿੱਚ ਕਰੀਬ ਇੱਕ ਘੰਟਾ 10 ਮਿੰਟ ਦੀਆਂ ਦੋ ਰੋਜ਼ਾਨਾ ਉਡਾਣਾਂ ਸ਼ਾਮਲ ਨੇ. ਦਿੱਲੀ ਤੋਂ, ਇਹ ਸਵੇਰੇ 5 ਵਜ

ਕੇ 55 ਮਿੰਟ ‘ਤੇ ਲੁਧਿਆਣਾ ਲਈ ਉਡਾਣ ਭਰੇਗੀ ਅਤੇ ਦੁਪਹਿਰ ਬਾਅਦ 12 ਵਜ ਕੇ 55 ਮਿੰਟ ‘ ਤੇ ਲੁਧਿਆਣਾ ਦੇ ਹਲਵਾਰਾ ਹਵਾਈ ਅੱਡੇ ਤੋਂ ਦਿੱਲੀ ਲਈ ਵਾਪਸੀ ਦੀ ਉਡਾਣ ਭਰੇਗੀ । ਮੰਤਰੀ ਨੇ ਇਸ ਨੂੰ ਪੰਜਾਬ ਲਈ ਮਾਣ ਵਾਲਾ ਪਲ ਦੱਸਿਆ। ਉਨ੍ਹਾਂ ਕਿਹਾ ਕਿ ਇਹ ਉਡਾਣਾਂ ਪੰਜਾਬ ਦੇ ਸਨਅਤੀ ਸ਼ਹਿਰ ਤੋਂ ਸ਼ੁਰੂ ਹੋ ਰਹੀਆਂ ਨੇ ਇਸ ਕਰਕੇ ਇਹ ਸੂਬੇ ਲਈ ਸੰਪਰਕ, ਸਹੂਲਤ ਅਤੇ ਵਿਕਾਸ ਲਈ ਇੱਕ ਵੱਡਾ ਹੁਲਾਰਾ ਨੇ. ਹਲਵਾਰਾ ਹਵਾਈ ਅੱਡੇ ਦੇ ਨਵੇਂ ਬਣੇ ਸਿਵਲ ਟਰਮੀਨਲ ਦਾ ਉਦਘਾਟਨ ਇਸ ਸਾਲ ਫਰਵਰੀ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਪਣੀ ਲੁਧਿਆਣਾ ਯਾਤਰਾ ਦੌਰਾਨ ਕੀਤਾ ਸੀ। <><>

---------------------------------------------------

ਪੰਜਾਬ ਦੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਪਠਾਨਕੋਟ ‘ਚ ਇੱਕ ਸਮਾਗਮ ‘ਚ ਕਰੀਬ 190 ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਪੰਜਾਬ ਸਰਕਾਰ ਵਲੋਂ ਕੁੱਲ 1 ਕਰੋੜ 81 ਲੱਖ ਰੁਪਏ ਦੇ ਮੁਆਵਜ਼ੇ ਦੇ ਚੈਕ ਵੰਡੇ.ਇਹ ਸਮਾਗਮ ਅੱਜ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਆਰਥਿਕ ਰਾਹਤ ਮੁਹੱਈਆ ਕਰਵਾਉਣ ਲਈ ਕਰਾਇਆ ਗਿਆ ਸੀ. ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਸ੍ਰੀ ਕਟਾਰੂ ਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹ ਕਾਰਨ ਨੁਕਸਾਨ ਝੱਲਣ ਵਾਲੇ ਹਰ ਪਰਿਵਾਰ ਨੂੰ ਪੂਰੀ ਮਦਦ ਦਿੱਤੀ ਜਾ ਰਹੀ ਏ । ਜਿਨ੍ਹਾਂ ਪਰਿਵਾਰਾਂ ਦੇ

ਮਕਾਨ ਪੂਰੀ ਤਰ੍ਹਾਂ ਨੁਕਸਾਨੇ ਗਏ ਨੇ ਅਤੇ ਜਿਨ੍ਹਾਂ ਦੇ ਅੱਧ-ਨੁਕਸਾਨੇ ਹੋਏ ਸਨ , ਦੋਵਾਂ ਨੂੰ ਨੇਮਾਂ ਅਨੁਸਾਰ ਮੁਆਵਜ਼ਾ ਦਿੱਤਾ ਗਿਆ ਏ।

ਉਨ੍ਹਾਂ ਦੱਸਿਆ ਕਿ ਕੁਝ ਪਰਿਵਾਰਾਂ ਨੂੰ ਪਹਿਲਾਂ ਤਕਨੀਕੀ ਖਾਮੀਆਂ ਜਿਵੇਂ ਆਧਾਰ ਕਾਰਡ ਜਾਂ ਬੈਂਕ ਖਾਤਿਆਂ ਵਿੱਚ ਗਲਤੀਆਂ ਕਾਰਨ ਰਕਮ ਨਹੀਂ ਮਿਲ ਸਕੀ ਸੀ, ਪਰ ਹੁਣ ਉਹਨਾਂ ਸਮੱਸਿਆਵਾਂ ਨੂੰ ਦੂਰ ਕਰਕੇ ਅੱਜ ਉਨ੍ਹਾਂ ਨੂੰ ਵੀ ਚੈਕ ਸੌਂਪੇ ਗਏ ਨੇ. ਉਹਨਾਂ ਨੇ ਸਾਰੇ ਲਾਭਪਾਤਰੀਆਂ ਨੂੰ ਕਿਹਾ ਕਿ ਹਰ ਕਿਸਾਨ ਅਤੇ ਪ੍ਰਭਾਵਿਤ ਵਿਅਕਤੀ ਤੱਕ ਮਦਦ ਪਹੁੰਚਾਉਣਾ ਸਰਕਾਰ ਦੀ ਪਹਿਲੀ ਤਰਜੀਹ ਏ।

---------------------------------------------------

ਪੰਜਾਬ ਦੇ ਦਹਿਸ਼ਤਗਰਦੀ ਨਾਲ ਪ੍ਰਭਾਵਿਤ ਪਰਿਵਾਰਾਂ ਦੇ ਇੱਕ ਵਫ਼ਦ ਨੇ ਕੱਲ੍ਹ ਪੰਜਾਬ ਦੇ ਰਾਜਪਾਲ, ਸ਼੍ਰੀ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਅਤੇ ਆਪਣੀਆਂ ਬਕਾਇਆ ਮੰਗਾਂ ਨਾਲ ਸਬੰਧਿਤ ਇੱਕ ਮੰਗ ਪੱਤਰ ਸੌਂਪਿਆ। ਵਫ਼ਦ ਨੇ ਬਕਾਇਆ ਮਾਲੀ ਪੈਕੇਜ ਜਾਰੀ ਕਰਨ, ਸ਼ਹੀਦ ਪੁਲਿਸ ਮੁਲਾਜ਼ਮਾਂ ਅਤੇ ਸਰਕਾਰੀ ਮੁਲਾਜ਼ਮਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ ਦੇਣ ਅਤੇ ਵਿਸ਼ੇਸ਼ ਪਰਿਵਾਰਕ ਪੈਨਸ਼ਨ ਲਾਭਾਂ ਨੂੰ ਵਧਾਉਣ ਦੀ ਮੰਗ ਕੀਤੀ। ਵਫ਼ਦ ਨੇ ਨਾਗਰਿਕ ਪੀੜਤਾਂ ਦੀਆਂ ਵਿਧਵਾਵਾਂ ਅਤੇ ਮਾਪਿਆਂ ਲਈ ਪੈਨਸ਼ਨ ਵਿੱਚ ਵਾਧਾ ਕਰਨ ਅਤੇ ਪੀੜਤ ਪਰਿਵਾਰ ਦੇ ਇੱਕ ਮੈਂਬਰ ਨੂੰ ਨੌਕਰੀ ਦੇਣ ਲਈ ਯੋਗਤਾ ਸ਼ਰਤਾਂ ਵਿੱਚ

ਢਿੱਲ ਦੇਣ ਅਤੇ ਦਹਿਸ਼ਤਗਰਦੀ ਨਾਲ ਪ੍ਰਭਾਵਿਤ ਪਰਿਵਾਰਾਂ ਲਈ ਸਰਕਾਰੀ ਨੌਕਰੀਆਂ ਵਿੱਚ ਰਾਖਵੇਂਕਰਨ ਦੀ ਮੰਗ ਵੀ ਕੀਤੀ। ਰਾਜਪਾਲ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਮਸਲਿਆਂ 'ਤੇ ਹਮਦਰਦੀ ਨਾਲ ਵਿਚਾਰ ਕੀਤਾ ਜਾਵੇਗਾ। ਰਾਜਪਾਲ ਨੇ ਕਿਹਾ ਕਿ, ਉਹ ਇਸ ਮਾਮਲੇ ਬਾਰੇ ਸਬੰਧਤ ਅਧਿਕਾਰੀਆਂ ਅਤੇ ਵਿਭਾਗਾਂ ਨਾਲ ਗੱਲਬਾਤ ਕਰਨਗੇ ਅਤੇ ਇੱਕ ਸਕਾਰਾਤਮਕ ਤੇ ਉਸਾਰੂ ਸਮੀਖਿਆ ਕੀਤੀ ਜਾਵੇਗੀ।

-------------------------------------------------------

ਸੀਨੀਅਰ ਵਕੀਲ ਅਤੇ ਪੰਜਾਬ ਵਿਧਾਨਸਭਾ ‘ਚ ਸਾਬਕਾ ਵਿਰੋਧੀ ਨੇਤਾ ਹਰਵਿੰਦਰ ਸਿੰਘ ਫੂਲਕਾ ਅੱਜ ਨਵੀਂ ਦਿੱਲੀ ਵਿੱਚ ਭਾਜਪਾ ਵਿੱਚ ਸ਼ਾਮਲ ਹੋਏ। ਸ੍ਰੀ ਫੂਲਕਾ ਕੇਂਦਰੀ ਮੰਤਰੀ ਅਤੇ ਸੀਨੀਅਰ ਪਾਰਟੀ ਨੇਤਾ ਹਰਦੀਪ ਸਿੰਘ ਪੁਰੀ ਅਤੇ ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਦੀ ਮੌਜੂਦਗੀ ਵਿੱਚ ਭਾਜਪਾ ਵਿੱਚ ਸ਼ਾਮਲ ਹੋਏ। ਇਸ ਮੌਕੇ ਮੀਡੀਆ ਨੂੰ ਸੰਬੋਧਨ ਕਰਦਿਆਂ ਤਰੁਣ ਚੁੱਘ ਨੇ ਸ੍ਰੀ ਫੂਲਕਾ ਵਲੋਂ ਮਨੁੱਖੀ ਅਧਿਕਾਰਾਂ ਲਈ ਬਹੁਤ ਲੰਮੇ ਸਮੇਂ ਤੋਂ ਕੀਤੇ ਗਏ ਕੰਮ ਦੀ ਸ਼ਲਾਘਾ ਕੀਤੀ. ਉਨ੍ਹਾਂ ਨੇ 1984 ਦੇ ਦੰਗਿਆਂ ਦੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਵਿੱਚ ਯੋਗਦਾਨ ਪਾਉਣ ਲਈ ਵੀ ਸ੍ਰੀ ਫੂਲਕਾ ਦੀ ਤਾਰੀਫ਼ ਕੀਤੀ.

Punjab-Army-Change of Guards

ਲੈਫਟੀਨੈਂਟ ਜਨਰਲ ਪੁਸ਼ਪੇਂਦਰ ਸਿੰਘ ਨੇ ਅੱਜ ਪੱਛਮੀ ਕਮਾਨ ਦੇ General Officer Commanding-in-Chief ਵਜੋਂ ਕਮਾਨ ਸੰਭਾਲ ਲਈ ਏ । ਓਹਨਾਂ ਨੇ ਲੈਫਟੀਨੈਂਟ ਜਨਰਲ ਮਨੋਜ ਕੁਮਾਰ ਕਟਿਆਰ ਦੀ ਥਾਂ ਲਈ ਏ, ਜੋ 31 ਮਾਰਚ ਨੂੰ ਇੱਕ ਸ਼ਾਨਦਾਰ ਕਾਰਜਕਾਲ ਅਤੇ 40 ਸਾਲਾਂ ਦੀ ਫੌਜੀ ਸੇਵਾ ਤੋਂ ਬਾਅਦ ਸੇਵਾਮੁਕਤ ਹੋਏ ਨੇ । ਪੈਰਾਸ਼ੂਟ ਰੈਜੀਮੈਂਟ (ਵਿਸ਼ੇਸ਼ ਬਲਾਂ) ਦੇ ਇੱਕ ਅਧਿਕਾਰੀ, ਲੈਫਟੀਨੈਂਟ ਜਨਰਲ ਪੁਸ਼ਪੇਂਦਰ ਸਿੰਘ ਨੂੰ ਦਸੰਬਰ 1987 ਵਿੱਚ ਚੌਥੀ ਬਟਾਲੀਅਨ, ਪੈਰਾਸ਼ੂਟ ਰੈਜੀਮੈਂਟ (ਵਿਸ਼ੇਸ਼ ਬਲਾਂ) ਵਿੱਚ ਕਮਿਸ਼ਨ ਦਿੱਤਾ ਗਿਆ ਸੀ। ਉਹ ਇੰਡੀਅਨ ਮਿਲਟਰੀ ਅਕੈਡਮੀ, ਦੇਹਰਾਦੂਨ ਤੋਂ ਸਿਖਲਾਈ ਪ੍ਰਾਪਤ ਅਤੇ ਲਖਨਊ ਯੂਨੀਵਰਸਿਟੀ ਦੇ ਸਾਬਕਾ ਵਿਦਿਆਰਥੀ ਨੇ. ਇੱਕ ਹੋਰ ਨਿਯੁਕਤੀ ਵਿੱਚ, ਲੈਫਟੀਨੈਂਟ ਜਨਰਲ ਅਮਿਤ ਕਬਥਿਆਲ ਨੇ ਅੱਜ ਲੈਫਟੀਨੈਂਟ ਜਨਰਲ ਅਜੈ ਚਾਂਦਪੁਰੀਆ ਤੋਂ ਵੱਕਾਰੀ ਵਜ੍ਰ ਕੋਰ - 'ਡਿਫੈਂਡਰਜ਼ ਆਫ਼ ਪੰਜਾਬ' - ਦੀ ਕਮਾਨ ਸੰਭਾਲ ਲਈ ਏ । ਜਨਰਲ ਚਾਂਦਪੁਰੀਆ ਨੇ ਅੱਜ ਆਰਮੀ ਵਾਰ ਕਾਲਜ, ਮਹੂ ਦੇ ਕਮਾਂਡੈਂਟ ਦੀ ਨਿਯੁਕਤੀ ਸੰਭਾਲੀ ।

-----------------------------------------------------

ਡੀ.ਐਮ ਗਗਨਦੀਪ ਸਿੰਘ ਰੰਧਾਵਾ ਦੇ ਖੁਦਕੁਸ਼ੀ ਮਾਮਲੇ ਵਿੱਚ ਗਿਰਫਤਾਰ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਅੱਜ ਫਿਰ

ਅਦਾਲਤ ਵਿੱਚ ਪੇਸ਼ ਕੀਤਾ ਗਿਆ। ਮਾਮਲੇ ਦੀ ਸੁਣਵਾਈ ਦੌਰਾਨ ਅਦਾਲਤ ਨੇ ਪੁਲਿਸ ਰਿਮਾਂਡ ਖਤਮ ਕਰਦੇ ਹੋਏ ਭੁੱਲਰ ਨੂੰ 14 ਦਿਨਾਂ ਦੀ ਅਦਾਲਤੀ ਹਿਰਾਸਤ ਵਿੱਚ ਭੇਜਣ ਦੇ ਹੁਕਮ ਜਾਰੀ ਕੀਤੇ ਨੇ. ਜ਼ਿਕਰਯੋਗ ਏ ਕਿ ਇਸ ਤੋਂ ਪਹਿਲਾਂ ਲਾਲਜੀਤ ਸਿੰਘ ਭੁੱਲਰ ਨੂੰ ਪਹਿਲਾਂ ਪੰਜ ਦਿਨਾਂ ਦਾ ਪੁਲਿਸ ਰਿਮਾਂਡ ਮਿਲਿਆ ਸੀ, ਜਿਸ ਤੋਂ ਬਾਅਦ ਤਿੰਨ ਦਿਨਾਂ ਦਾ ਹੋਰ ਰਿਮਾਂਡ ਦਿੱਤਾ ਗਿਆ ਸੀ। ਅੱਜ ਦੁਬਾਰਾ ਪੇਸ਼ੀ ਦੌਰਾਨ ਪੁਲਿਸ ਵੱਲੋਂ ਹੋਰ ਰਿਮਾਂਡ ਦੀ ਮੰਗ ਕੀਤੀ ਗਈ ਸੀ, ਪਰ ਅਦਾਲਤ ਨੇ ਇਸ ਨੂੰ ਮਨਜ਼ੂਰ ਨਾ ਕਰਦੇ ਹੋਏ ਸਿਧਿਆਂ ਅਦਾਲਤੀ ਹਿਰਾਸਤ ਵਿੱਚ ਭੇਜਣ ਦਾ ਫੈਸਲਾ ਸੁਣਾਇਆ। ਮਾਮਲਾ ਹੁਣ ਵੀ ਜਾਂਚ ਅਧੀਨ ਏ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਖੁਲਾਸਿਆਂ ਦੀ ਸੰਭਾਵਨਾ ਜਤਾਈ ਜਾ ਰਹੀ ਏ.

-----------------------------------------------------

ਪੰਜਾਬ ਦੇ ਖਜ਼ਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਚੱਲ ਰਹੀ 'ਰੋਜ਼ਗਾਰ ਕ੍ਰਾਂਤੀ' ਪਹਿਲਕਦਮੀ ਤਹਿਤ ਇੱਕ ਸਮਾਗਮ ਦੌਰਾਨ ਨਵੇਂ-ਨਿਯੁਕਤ ਹੋਏ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਅਤੇ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਚੁਣੇ ਗਏ 11 ਉਮੀਦਵਾਰਾਂ ਨੂੰ ਐਗਜ਼ਾਮੀਨਰ, ਲੋਕਲ ਫੰਡ ਅਕਾਊਂਟਸ ਦੇ ਦਫ਼ਤਰ ਵਿੱਚ ਜੂਨੀਅਰ ਆਡੀਟਰ ਵਜੋਂ ਸ਼ਾਮਲ ਕੀਤਾ । ਨਵੇਂ-ਨਿਯੁਕਤ ਅਧਿਕਾਰੀਆਂ ਨੂੰ

ਵਧਾਈ ਦਿੰਦਿਆਂ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਜਨਤਕ ਸੇਵਾ ਵਿੱਚ ਈਮਾਨਦਾਰੀ ਅਤੇ ਜ਼ਿੰਮੇਵਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਭਰਤੀ ਪ੍ਰਕਿਰਿਆ ਦੀ ਭਰੋਸੇਯੋਗਤਾ ਨੂੰ ਉਜਾਗਰ ਕਰਦਿਆਂ, ਖਜ਼ਾਨਾ ਮੰਤਰੀ ਚੀਮਾ ਨੇ ਕਿਹਾ ਕਿ ਇਹ ਭਰਤੀ ਮੁਹਿੰਮ ਪੰਜਾਬ ਲੋਕ ਸੇਵਾ ਕਮਿਸ਼ਨ ਰਾਹੀਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ ਚਲਾਈ ਗਈ ਏ। ਉਹਨਾਂ ਕਿਹਾ ਕਿ, ਪੰਜਾਬ ਸਰਕਾਰ ਨੇ ਹੁਣ ਤੱਕ 65 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸੁਰੱਖਿਅਤ ਰੋਜ਼ਗਾਰ ਪ੍ਰਦਾਨ ਕਰਨ ਵਿੱਚ ਸ਼ਾਨਦਾਰ ਸਫ਼ਲਤਾ ਹਾਸਲ ਕੀਤੀ ਏ।

-----------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਏ ਕਿ ਜੋਗਿੰਦਰਾ ਗਰੁੱਪ ਵੱਲੋਂ 1100 ਕਰੋੜ ਰੁਪਏ ਦੇ ਨਿਵੇਸ਼ ਨਾਲ ਰਣਨੀਤਕ ਪਸਾਰ ਦੀ ਯੋਜਨਾ ਦਾ ਐਲਾਨ ਕੀਤਾ ਗਆ ਏ ਜਿਸ ਤਹਿਤ ਪੰਜਾਬ ਦੇ ਸਨਅਤੀ ਵਿਕਾਸ ਅਤੇ ਗਰੀਨ ਊਰਜਾ ਦੀ ਵਰਤੋਂ ਨੂੰ ਵੱਡਾ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਨਿਵੇਸ਼ ਪੰਜਾਬ ਦੀਆਂ ਪ੍ਰਗਤੀਸ਼ੀਲ ਨੀਤੀਆਂ ਅਤੇ ਕਾਰੋਬਾਰ ਪੱਖੀ ਮਾਹੌਲ ਪ੍ਰਤੀ ਸਨਅਤਾਂ ਦੇ ਵਧ ਰਹੇ ਵਿਸ਼ਵਾਸ ਨੂੰ ਦਰਸਾਉਂਦਾ ਏ। ਉਨ੍ਹਾਂ ਦੱਸਿਆ ਕਿ ਇਸ ਪਸਾਰ ਤਹਿਤ ਸਟੀਲ ਖੇਤਰ ਵਿੱਚ 700 ਕਰੋੜ ਰੁਪਏ ਦੀ ਪੂੰਜੀਕਾਰੀ ਕੀਤੀ ਜਾਏਗੀ ਜੋ ਮੁੱਖ ਤੌਰ ‘ਤੇ ਜੋਗਿੰਦਰਾ ਕਾਸਟਿੰਗ ਅਤੇ ਵਰਧਮਾਨ

ਆਦਰਸ਼ ਰਾਹੀਂ ਕੀਤਾ ਜਾਵੇਗਾ ਜਿਸ ਵਿੱਚ ਜੋਗਿੰਦਰਾ ਗ੍ਰੀਨ ਇੰਡੀਆ ਰਾਹੀਂ ਨਵਿਆਉਣਯੋਗ ਊਰਜਾ ਵਿੱਚ 400 ਕਰੋੜ ਰੁਪਏ ਦੀ ਪੂੰਜੀਕਾਰੀ ਸ਼ਾਮਿਲ ਏ. ਇਸ ਪਸਾਰ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਸੰਜੀਵ ਅਰੋੜਾ ਨੇ ਕਿਹਾ ਕਿ, "ਜੋਗਿੰਦਰਾ ਗਰੁੱਪ ਦੀ ਵੱਟਤ 3 ਹਜ਼ਾਰ ਕਰੋੜ ਰੁਪਏ ਤੋਂ ਵੱਧ ਕੇ 5,ਹਜ਼ਾਰ ਕਰੋੜ ਰੁਪਏ ਹੋਣ ਦੀ ਉਮੀਦ ਏ ਅਤੇ ਇਸ ਦੇ ਮੁਲਾਜ਼ਮਾਂ ਦੀ ਗਿਣਤੀ 1,800 ਤੋਂ ਵੱਧ ਕੇ 3,ਹਜ਼ਾਰ ਹੋ ਜਾਵੇਗੀ ਜਿਸ ਨਾਲ ਰੁਜ਼ਗਾਰ ਦੇ ਵੱਡੇ ਮੌਕੇ ਪੈਦਾ ਹੋਣਗੇ। ਉਨ੍ਹਾਂ ਅੱਗੇ ਕਿਹਾ ਕਿ ਨਵਿਆਉਣਯੋਗ ਊਰਜਾ ਸਮਰੱਥਾ 37 ਮੈਗਾਵਾਟ ਤੋਂ ਵੱਧ ਕੇ 120 ਮੈਗਾਵਾਟ ਹੋ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਨਿਰਮਾਣ ਅਤੇ ਗਰੀਨ ਊਰਜਾ ਵਿੱਚ ਨਿਵੇਸ਼ ਲਈ ਇੱਕ ਪਸੰਦੀਦਾ ਸਥਾਨ ਵਜੋਂ ਉੱਭਰ ਰਿਹਾ ਏ ਅਤੇ ਇਹ 1100 ਕਰੋੜ ਰੁਪਏ ਦਾ ਨਿਵੇਸ਼ ਸਨਅਤੀ ਅਧਾਰ ਨੂੰ ਮਜ਼ਬੂਤ ਕਰੇਗਾ, ਰੁਜ਼ਗਾਰ ਦੇ ਅਹਿਮ ਮੌਕੇ ਪੈਦਾ ਕਰੇਗਾ ਅਤੇ ਨਿਰੰਤਰ ਰਹਿਣ ਯੋਗ ਵਿਕਾਸ ਨੂੰ ਯਕੀਨੀ ਬਣਾਏਗਾ।

---------------------------------------------------

IPL ਕ੍ਰਿਕੇਟ ਵਿੱਚ, ਅੱਜ ਲਖਨਊ ਵਿੱਚ, ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।

-----------------------------------------------------------

- ਪੱਛਮੀ ਏਸ਼ੀਆ ਟਕਰਾਅ ਦਰਮਿਆਨ, ਸਰਕਾਰ ਨੇ ਭਰੋਸਾ ਦਿੱਤਾ ਏ ਕਿ ਦੇਸ਼ ਵਿੱਚ, ਹਰ ਕਿਸਮ ਦੀਆਂ ਫਸਲਾਂ ਲਈ ਬੀਜ, ਲੋੜੀਂਦੀ ਮਾਤਰਾ ਵਿੱਚ ਉਪਲਬਧ ਨੇ.
- ਲੁਧਿਆਣਾ ਦੇ ਹਲਵਾਰਾ ਹਵਾਈ ਅੱਡੇ ਤੋਂ ਦਿੱਲੀ ਲਈ ਸਿੱਧੀਆਂ ਉਡਾਣਾਂ 15 ਮਈ ਤੋਂ ਸ਼ੁਰੂ .
- ਪੰਜਾਬ ਦੇ ਕੈਬਿਨੇਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪੰਜਾਬ ਸਰਕਾਰ ਵਲੋਂ ਕਰੀਬ 190 ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ ਕੁੱਲ 1 ਕਰੋੜ 81 ਲੱਖ ਰੁਪਏ ਦੇ ਮੁਆਵਜ਼ੇ ਦੇ ਚੈਕ ਵੰਡੇ.
- ਲੈਫਟੀਨੈਂਟ ਜਨਰਲ ਪੁਸ਼ਪੇਂਦਰ ਸਿੰਘ ਨੇ ਅੱਜ ਪੱਛਮੀ ਕਮਾਨ ਦੀ ਅਤੇ ਲੈਫਟੀਨੈਂਟ ਜਨਰਲ ਅਮਿਤ ਕਬਥਿਆਲ ਨੇ ਵੱਕਾਰੀ ਵਜ੍ਰ ਕੋਰ ਦੀ ਕਮਾਨ ਸੰਭਾਲ ਲਈ ਏ.
- IPL ਕ੍ਰਿਕੇਟ ਵਿੱਚ, ਅੱਜ ਸ਼ਾਮ, ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਦਿੱਲੀ ਕੈਪੀਟਲਜ਼ ਨਾਲ ਹੋਵੇਗਾ।

-----------------------------------------------------------

**ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ  ਬੁਲੇਟਿਨ ਤੁਸੀਂ ਸੁਣੋਗੇ  7 ਵੱਜਕੇ  30  ਮਿੰਟ  'ਤੇ**

**ਨਮਸਕਾਰ  !**